# ਸੋਮਵਾਰ 12 ਅਗੱਸਤ 2019 ਤੋਂ ਐਤਵਾਰ 18 ਅਗੱਸਤ 2019 ਤੱਕ

## 14.8.19 ਬੁੱਧਵਾਰ: -

**4.30 ਵਜ਼ੇ:-** ਸਾਧ ਸੰਗਤ ਵੱਲੋਂ ਸ੍ਰੀ ਸੁਖਮਨੀ ਸਾਹਿਬ ਦੇ ਪਾਠ 4.30 ਵਜ਼ੇ ਹੋਣਗੇ,ਰਹਿਰਾਸ ਦੇ ਪਾਠ ਉਪਰੰਤ ਦੀਵਾਨ ਸੱਜਣਗੇ ਹਜ਼ੂਰੀ ਜਥਾ ਕੀਰਤਨ ਕਰੇਗਾ ਬਾਅਦ ਵਿਚ ਹੈਡ ਗ੍ਰੰਥੀ ਗਿਆਨੀ ਗੁਰਮੀਤ ਸਿੰਘ ਜੀ ਕਥਾ ਕਰਨਗੇ ਅਤੇ ਸਾਰੀ ਹੋਵੇਗੀ

**ਦੇਗਾਂ ਦੀਆਂ ਸੇਵਾਵਾਂ: -** ਸ੍ਹ: ਅਮਰਜੀਤ ਸਿੰਘ , ਸ੍ਹ:ਹਰਜਿੰਦਰ ਸਿੰਘ ਅਤੇ ਬੀਬੀ ਤਰਸੇਮ ਕੌਰ, ਬੀਬੀ ਪਵਨਦੀਪ ਕੌਰ, ਸ ਬਿਕ੍ਰਮਜੀਤ ਸਿੰਘ ਥਾਂਦੀ ਅਤੇ ਬੀਬੀ ਰਣਜੀਤ ਕੌਰ ਅਤੇ ਸ੍ਹ ਸੁਚਾ ਸਿੰਘ ਬੈਂਸ ਪਰਿਵਾਰਾਂ ਵਲੋਂ ਹੋਣਗੀਆਂ।

## 15.8.19 ਵੀਰਵਾਰ:-

**6.00 ਵੱਜ਼ੇ:-** ਰਹਿਰਾਸ ਸਾਹਿਬ ਦੇ ਪਾਠ ਹੋਣਗੇ ਉਪਰੰਤ ਹਜ਼ੂਰੀ ਜਥਾ ਸ਼ਬਦ ਕੀਰਤਨ ਕਰੇਗਾ ਅਤੇ ਸਾਰੀ ਸੇਵਾ ਹੋਵੇਗੀ।

## 16.8.19 ਸ਼ੁਕਰਵਾਰ:-

ਭਾਦੋਂ ਦੀ ਸੰਗ੍ਰਾਂਦ ਦਾ ਦਿਨ ਹੈ।

**10.00 ਵਜ਼ੇ:-** ਸਾਧ ਸੰਗਤ ਵੱਲੋਂ ਸ੍ਰੀ ਅਖੰਡ ਪਾਠ ਸਾਹਿਬ 10.00 ਵਜ਼ੇ ਅਰੰਭ ਹੋਣਗੇ ਸਾਰੀ ਸੇਵਾ ਹੋਵੇਗੀ।

**ਦੇਗਾਂ ਦੀਆਂ ਸੇਵਾਵਾਂ: -** ਸ: ਸੁਰਜੀਤ ਸਿੰਘ ਸੇਖੋਂ, ਸ: ਸੁਰਜੀਤ ਸਿੰਘ ਸ਼ੇਰਗਿੱਲ ਤੇ ਬੀਬੀ ਗੁਰਦੀਪ ਕੌਰ ਸ਼ੇਰਗਿੱਲ, ਸ: ਅਵਤਾਰ ਸਿੰਘ ਤੇ ਬੀਬੀ ਕੁਲਵਿੰਦਰ ਕੌਰ ਪੁਰੇਵਾਲ, ਬੀਬੀ ਸੁਰਿੰਦਰ ਕੌਰ ਪੁਰੇਵਾਲ, ਸ: ਕਸ਼ਮੀਰ ਸਿੰਘ ਤੇ ਬੀਬੀ ਸੁਰਿੰਦਰ ਕੌਰ ਨਾਗਰਾ, ਸ: ਸੇਵਾ ਸਿੰਘ ਅੱਟਾ ਤੇ ਬੀਬੀ ਅਵਤਾਰ ਕੌਰ ਅੱਟਾ, ਬੀਬੀ ਅਮਰਜੀਤ ਕੌਰ ਸੰਧੂ ਤੇ ਸ: ਗੁਰਦੇਵ ਸਿੰਘ ਔਲਖ ਸ: ਛਿੰਦਾ ਸਿੰਘ ਥਾਂਦੀ, ਸ: ਹਰਬੰਸ ਸਿੰਘ ਨਿੱਝਰ, ਸ: ਇੰਦਰਜੀਤ ਸਿੰਘ ਬੀਬੀ ਪ੍ਰਮਜੀਤ ਕੌਰ ਤੇ ਸਵ: ਸ: ਨਿਰਮਲ ਸਿੰਘ ਪੁਰੇਵਾਲ, ਸ: ਨਾਵਿੰਦਰ ਸਿੰਘ ਤੇ ਬੀਬੀ ਮਲਵਿੰਦਰ ਕੌਰ ਸੇਖੋਂ ਦੇ ਪ੍ਰੀਵਾਰਾਂ ਵਲੋਂ ਹੋਣਗੀਆਂ।

## 17.8.19 ਸ਼ਨਿਚਰਵਾਰ: -

**10.00 ਵੱਜੇ:-** ਸ ਸਰਬਜੀਤ ਸਿੰਘ ਗਿੱਲ ਅਤੇ ਪਰਿਵਾਰ ਵੱਲੋਂ ਸੁਖਮਨੀ ਸਾਹਿਬ ਦੇ ਪਾਠ ਹੋਣਗੇ ਅਤੇ ਸਾਰੀ ਸੇਵਾ ਹੋਵੇਗੀ।

**1.00 ਵੱਜੇ:-** ਸ ਸ਼ਿਵਦੇਵ ਸਿੰਘ ਅਤੇ ਪਰਿਵਾਰ ਵੱਲੋਂ ਸੁਖਮਨੀ ਸਾਹਿਬ ਦੇ ਪਾਠ ਹੋਣਗੇ ਅਤੇ ਸਾਰੀ ਸੇਵਾ ਹੋਵੇਗੀ।

**4.00 ਵੱਜੇ:-** ਸ ਮੋਹਣ ਸਿੰਘ ਅਤੇ ਪਰਿਵਾਰ ਵੱਲੋਂ ਸੁਖਮਨੀ ਸਾਹਿਬ ਦੇ ਪਾਠ ਹੋਣਗੇ ਅਤੇ ਸਾਰੀ ਸੇਵਾ ਹੋਵੇਗੀ।

**4.00 ਵਜ਼ੇ:-** ਸ਼ਾਮ ਨੂੰ ਬੀਬੀਆਂ ਸਿਮਰਨ ਕਰਨਗੀਆਂ।

**18.8.19 ਐਤਵਾਰ:- 9.30 ਵਜ਼ੇ: -**ਸਾਧ ਸੰਗਤ ਵੱਲੋਂ ਰਖਾਏ ਹੋਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ 9.30 ਵਜ਼ੇ ਪੈਣਗੇ ਉਪਰੰਤ ਸਾਧ ਸੰਗਤ ਵੱਲੋਂ ਰਖਾਏ ਸਹਿਜ ਪਾਠ ਦੇ ਭੋਗ ਪੈਣਗੇ ਅਤੇ ਸਾਰੀ ਸੇਵਾ ਹੋਵੇਗੀ, ਬਾਅਦ'ਚ ਹਜ਼ੂਰੀ ਜਥਾ ਕੀਰਤਨ ਕਰੇਗਾ, ਬੀਬਾ ਨਵਦੀਪ ਕੌਰ ਸਿੱਖ ਪ੍ਰਚਾਰਕ ਹਾਜਰੀ ਭਰਨਗੇ ।

**11.30 ਵੱਜੇ:-** ਬੀਬੀ ਜਸ਼ਮੀਸ਼ ਕੌਰ ਦੇ ਗ੍ਰਹਿ ਵਿੱਖੇ ਸੁਖਮਨੀ ਸਾਹਿਬ ਦੇ ਪਾਠ ਹੋਣਗੇ।

### Summer Holiday in Punjabi school

25 ਅਗੱਸਤ ਅਨੰਦ ਕਾਰਜ ਹੈ, ਭਾਈ ਹਰਨੀਤ ਸਿੰਘ ਜੀ ਦਾ ਜਥਾ ਹਾਜ਼ਰੀ ਭਰੇਗਾ।

**26 August Summer Bank Holiday**

26 ਅਗੱਸਤ ਜਨਮ ਦਿਨ ਭਾਈ ਦਿਆ ਸਿੰਘ ਜੀ

30 ਅਗੱਸਤ ਸੰਪੂਰਨਤਾ ਗੁਰੁ ਗ੍ਰੰਥ ਸਾਹਿਬ ਜੀ

31 ਅਗੱਸਤ ਸ਼ਹੀਦੀ ਭਾਈ ਦਿਲਾਵਰ ਸਿੰਘ ਜੀ ਬੱਬਰ

**Summer Holiday in Punjabi school**

ਭਾਦੁਇ ਭਰਮਿ ਭੁਲਾਣੀਆ ਦੂਜੈ ਲਗਾ ਹੇਤੁ ॥ ਲਖ ਸੀਗਾਰ ਬਣਾਇਆ ਕਾਰਜਿ ਨਾਹੀ ਕੇਤੁ ॥ ਜਿਤੁ ਦਿਨਿ ਦੇਹ ਬਿਨਸਸੀ ਤਿਤੁ ਵੇਲੈ ਕਹਸਨਿ ਪ੍ਰੇਤੁ ॥ ਪਕੜਿ ਚਲਾਇਨਿ ਦੂਤ ਜਮ ਕਿਸੈ ਨ ਦੇਨੀ ਭੇਤੁ ॥ ਛਡਿ ਖੜੋਤੇ ਖਿਨੈ ਮਾਹਿ ਜਿਨ ਸਿਉ ਲਗਾ ਹੇਤੁ ॥ ਹਥ ਮਰੋੜੈ ਤਨੁ ਕਪੇ ਸਿਆਹਹੁ ਹੋਆ ਸੇਤੁ ॥ ਜੇਹਾ ਬੀਜੈ ਸੋ ਲੁਣੈ ਕਰਮਾ ਸੰਦੜਾ ਖੇਤੁ ॥ ਨਾਨਕ ਪ੍ਰਭ ਸਰਣਾਗਤੀ ਚਰਣ ਬੋਹਿਥ ਪ੍ਰਭ ਦੇਤੁ ॥ ਸੇ ਭਾਦੁਇ ਨਰਕਿ ਨ ਪਾਈਅਹਿ ਗੁਰੁ ਰਖਣ ਵਾਲਾ ਹੇਤੁ ॥੭॥ {ਪੰਨਾ 134}

ਪਦਅਰਥ:- ਭਾਦੁਇ—ਭਾਦਰੋਂ ਦੇ ਮਹੀਨੇ ਵਿਚ । ਭਰਮਿ—ਭਟਕਣਾ ਵਿਚ । ਭੁਲਾਣੀਆ—ਕੁਰਾਹੇ ਪੈ ਜਾਂਦੀ ਹੈ । ਹੇਤੁ—ਹਿਤ, ਪਿਆਰ । ਕੇਤੁ ਕਾਰਜਿ—ਕਿਸੇ ਕੰਮ ਵਿਚ । ਜਿਤੁ—ਜਿਸ ਵਿਚ । ਦਿਨਿ—ਦਿਨ ਵਿਚ । ਦੇਹ—ਸਰੀਰ । ਕਹਸਨਿ—ਆਖਣਗੇ । ਬਿਨਸਸੀ—ਬਿਨਸੇਗੀ । ਪ੍ਰੇਤ—ਗੁਜ਼ਰ ਚੁਕਿਆ, ਅਪਵਿਤ੍ਰ । ਪਕੜਿ—ਫੜ ਕੇ । ਨ ਦੇਨੀ—ਨਹੀਂ ਦੇਂਦੇ, ਨ ਦੇਨਿ । ਸਿਆਹਹੁ—ਕਾਲੇ (ਰੰਗ) ਤੋਂ । ਸੇਤੁ—ਚਿੱਟਾ । ਕਪੇ—ਕੱਪੀਦਾ ਹੈ । ਲੂਣੈ—ਵੱਢਦਾ ਹੈ । ਖੇਤੁ—ਪੈਲੀ । ਸੰਦੜਾ—ਦਾ । ਬੋਹਿਥ—ਜਹਾਜ਼ । ਨਾ ਪਾਈਅਹਿ—ਨਹੀਂ ਪਾਏ ਜਾਂਦੇ । ਹੇਤੁ—ਹਿਤੂ, ਪਿਆਰ ਕਰਨ ਵਾਲਾ ।

ਅਰਥ:- (ਜਿਵੇਂ) ਭਾਦਰੋਂ (ਦੇ ਤ੍ਰਾਟਕੇ ਤੇ ਘੁੰਮੇ) ਵਿਚ (ਮਨੁੱਖ ਬਹੁਤ ਘਬਰਾਂਦਾ ਹੈ, ਤਿਵੇਂ) ਜਿਸ ਜੀਵ-ਇਸਤ੍ਰੀ ਦਾ ਪਿਆਰ ਪ੍ਰਭੂ-ਪਤੀ ਤੋਂ ਬਿਨਾ ਕਿਸੇ ਹੋਰ ਨਾਲ ਲੱਗਦਾ ਹੈ ਉਹ ਭਟਕਣਾ ਦੇ ਕਾਰਨ ਜੀਵਨ ਦੇ ਸਹੀ ਰਸਤੇ ਤੋਂ ਖੁੰਝ ਜਾਂਦੀ ਹੈ, ਉਹ ਭਾਵੇਂ ਲੱਖਾਂ ਹਾਰ ਸਿੰਗਾਰ ਕਰੇ, (ਉਸ ਦੇ) ਕਿਸੇ ਕੰਮ ਨਹੀਂ ਆਉਂਦੇ ।

ਜਿਸ ਦਿਨ ਮਨੁੱਖ ਦਾ ਸਰੀਰ ਨਾਸ ਹੋਵੇਗਾ (ਜਦੋਂ ਮਨੁੱਖ ਮਰ ਜਾਇਗਾ) ਉਸ ਵੇਲੇ (ਸਾਰੇ ਸਾਕ-ਅੰਗ) ਆਖਣਗੇ ਕਿ ਇਹ ਹੁਣ ਗੁਜ਼ਰ ਗਿਆ ਹੈ । (ਲੋਥ ਅਪਵਿਤ੍ਰ ਪਈ ਹੈ, ਇਸ ਨੂੰ ਛੇਤੀ ਬਾਹਰ ਲੈ ਚੱਲੋ) । ਜਮਦੂਤ (ਜਿੰਦ ਨੂੰ) ਫੜ ਕੇ ਅੱਗੇ ਲਾ ਲੈਂਦੇ ਹਨ, ਕਿਸੇ ਨੂੰ (ਇਹ) ਭੇਤ ਨਹੀਂ ਦੱਸਦੇ (ਕਿ ਕਿੱਥੇ ਲੈ ਚੱਲੇ ਹਾਂ) । (ਜਿਨ੍ਹਾਂ ਸੰਬੰਧੀਆਂ ਨਾਲ (ਸਾਰੀ ਉਮਰ ਬੜਾ) ਪਿਆਰ ਬਣਿਆ ਰਹਿੰਦਾ ਹੈ ਉਹ ਪਲ ਵਿਚ ਹੀ ਸਾਥ ਛੱਡ ਬੈਠਦੇ ਹਨ ।

(ਮੌਤ ਆਈ ਵੇਖ ਕੇ ਮਨੁੱਖ) ਬੜਾ ਪਛੁਤਾਂਦਾ ਹੈ, ਉਸ ਦਾ ਸਰੀਰ ਔਖਾ ਹੁੰਦਾ ਹੈ, ਉਹ ਕਾਲੁ ਤੋਂ ਚਿੱਟਾ ਪਿਆ ਹੁੰਦਾ ਹੈ (ਘਬਰਾਹਟ ਨਾਲ ਇਕ ਰੰਗ ਆਉਂਦਾ ਹੈ ਇਕ ਜਾਂਦਾ ਹੈ) । ਇਹ ਸਰੀਰ ਮਨੁੱਖ ਦੇ ਕੀਤੇ ਕਰਮਾਂ ਦਾ ਖੇਤ ਹੈ, ਜੋ ਕੁਝ ਮਨੁੱਖ ਇਸ ਵਿਚ ਬੀਜਦਾ ਹੈ ਉਹੀ ਫ਼ ਸਲ ਵੱਢਦਾ ਹੈ (ਜੇਹੇ ਕਰਮ ਕਰਦਾ ਹੈ, ਤੇਹਾ ਫਲ ਪਾਂਦਾ ਹੈ) ।

ਹੇ ਨਾਨਕ! ਜਿਨ੍ਹਾਂ ਦਾ ਰਾਖਾ ਤੇ ਹਿਤੂ ਗੁਰੂ ਬਣਦਾ ਹੈ, ਉਹ ਨਰਕ ਵਿਚ ਨਹੀਂ ਪਾਏ ਜਾਂਦੇ, (ਕਿਉਂਕਿ ਗੁਰੂ ਦੀ ਕਿਰਪਾ ਨਾਲ) ਉਹ ਪ੍ਰਭੂ ਦੀ ਸਰਨ ਵਿਚ ਆ ਜਾਂਦੇ ਹਨ, ਗੁਰੂ ਉਹਨਾਂ ਨੂੰ ਪ੍ਰਭੂ ਦੇ ਚਰਨ-ਰੂਪ ਜਹਾਜ਼ (ਵਿਚ ਚੜ੍ਹਾ) ਦੇਂਦਾ ਹੈ ।੭।